ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

ਰੇਡੀਓ

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ 28 ਨਵੰਬਰ ਨੂੰ ਸ਼ਾਮ 4.00 ਤੋਂ 6.00 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਅਤੇ 29 ਨਵੰਬਰ ਨੂੰ ਸਵੇਰੇ 4.00 ਤੋਂ 6.00 ਵਜੇ ਤੱਕ ਭਾਈ ਜਗਤਾਰ ਸਿੰਘ ਰਾ 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

ਪੀ. ਟੀ. ਸੀ.

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 28 ਨਵੰਬਰ ਨੂੰ ਸ਼ਾਮ 4.30 ਤੋਂ 6.30 ਵਜੇ ਤੱਕ ਭਾਈ ਜਤਿੰਦਰਪਾਲ ਸਿੰਘ ਤੇ ਭਾਈ ਜੁਝਾਰ ਸਿੰਘ ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' ਭਾਈ ਤਜਿੰਦਰ ਸਿੰਘ ਤੇ 29 ਨਵੰਬਰ ਨੂੰ ਸਵੇਰੇ 3.55 ਵਜੇ ਤੋਂ 7.45 ਵਜੇ ਤੱਕ ਭਾਈ ਜਗਤਾਰ ਸਿੰਘ ਰਾ ਤੇ ਭਾਈ ਨਵਨੀਤ ਸਿੰਘ ਕੀਰਤਨ ਕਰਨਗੇ।

ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.55 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।

ਮੁੱਖ ਵਾਕ ਦੀ ਕਥਾ : 28 ਨਵੰਬਰ ਨੂੰ ਭਾਈ ਸਾਹਿਬ ਭਾਈ ਹਰਪਾਲ ਸਿੰਘ ਮੁੱਖ ਗ੍ਰੰਥੀ ਗੁ: ਸ੍ਰੀ ਫ਼ਤਹਿਗੜ੍ਹ ਸਾਹਿਬ ਤੇ 29 ਨਵੰਬਰ ਨੂੰ ਗਿਆਨੀ ਸੰਤੋਖ ਸਿੰਘ ਸੁਰਸਿੰਘ, ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

ਸੱਤਿਆਜੀਤ ਸਿੰਘ ਮਜੀਠੀਆ ਨੇ 'ਤੀਜੀ ਹਾਕੀ ਇੰਡੀਆ ਸਬ-ਜੂਨੀਅਰ ਮਹਿਲਾ ਅਕੈਡਮੀ ਚੈਂਪੀਅਨਸ਼ਿਪ 'ਚ ਚਾਂਦੀ ਦਾ ਤਗਮਾ ਹਾਸਿਲ ਕਰਨ ਵਾਲੀ ਟੀਮ ਦੀ ਕੀਤੀ ਸ਼ਲਾਘਾ

ਅੰਮ੍ਰਿਤਸਰ, 27 ਨਵੰਬਰ (ਜਸਵੰਤ ਸਿੰਘ ਜੱਸ)-ਖ਼ਾਲਸਾ ਯੂਨੀਵਰਸਿਟੀ ਦੇ ਕੁਲਪਤੀ ਅਤੇ ਖ਼ਾਲਸਾ ਕਾਲਜ ਗਵ: ਕੌਂਸਲ ਦੇ ਪ੍ਰਧਾਨ ਸੱਤਿਆਜੀਤ ਸਿੰਘ ਮਜੀਠੀਆ ਨੇ ਪ੍ਰੋ-ਕੁਲਪਤੀ ਅਤੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਦੀ ਮੌਜੂਦਗੀ 'ਚ 'ਤੀਜੀ ਹਾਕੀ ਇੰਡੀਆ ਸਬ-ਜੂਨੀਅਰ ਮਹਿਲਾ ਅਕੈਡਮੀ ਚੈਂਪੀਅਨਸ਼ਿਪ-2025' 'ਚ ਚਾਂਦੀ ਦਾ ਤਗਮਾ ਜਿੱਤ ਕੇ ਕਾਲਜ ਕੈਂਪਸ ਪੁੱਜੀ ਖ਼ਾਲਸਾ ਹਾਕੀ ਅਕੈਡਮੀ ਟੀਮ ਦੀਆਂ ਖਿਡਾਰਨਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅੱਜ ਦੇਸ਼ ਦੇ ਕੋਨੇ-ਕੋਨੇ 'ਚ ਖ਼ਾਲਸਾ ਸੰਸਥਾਵਾਂ ਦੇ ਵਿਦਿਆਰਥੀ ਆਪਣੀ ਮਿਹਨਤ, ਲਗਨ ਨਾਲ ਆਪੋ-ਆਪਣੇ ਜ਼ਿਲ੍ਹੇ ਅਤੇ ਕਾਲਜਾਂ ਦਾ ਨਾਮ ਰੌਸ਼ਨ ਕਰ ਰਹੇ ਹਨ। ਸ: ਮਜੀਠੀਆ ਅਤੇ ਸ: ਛੀਨਾ ਨੇ ਖ਼ਾਲਸਾ ਕਾਲਜ ਫ਼ਿਜ਼ੀਕਲ ਐਜੂਕੇਸ਼ਨ ਦੇ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ ਦੀ ਅਗਵਾਈ ਅਤੇ ਹਾਕੀ ਕੋਚ ਅਮਰਜੀਤ ਦੁਆਰਾ ਕਰਵਾਏ ਜਾਂਦੇ ਸਖ਼ਤ ਅਭਿਆਸ ਦੀ ਪ੍ਰਸ਼ੰਸਾ ਕਰਦਿਆਂ ਖਿਡਾਰਨਾਂ ਦੇ ਭਵਿੱਖ 'ਚ ਹੋਰ ਤਰੱਕੀ ਕਰਨ ਦੀ ਕਾਮਨਾ ਕੀਤੀ। ਡਾ. ਕੰਵਲਜੀਤ ਸਿੰਘ ਨੇ ਦੱਸਿਆ ਕਿ ਖਾਲਸਾ ਹਾਕੀ ਅਕੈਡਮੀ ਨੇ ਕਰਨਾਲ ਵਿਖੇ ਹੋਈ ਤੀਜੀ ਹਾਕੀ ਇੰਡੀਆ ਸਬ-ਜੂਨੀਅਰ ਮਹਿਲਾ ਅਕੈਡਮੀ ਚੈਂਪੀਅਨਸ਼ਿਪ 2025 'ਚ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲੀਗ ਪੜਾਅ 'ਚ ਮਾਰਕੰਡੇਸ਼ਵਰ ਹਾਕੀ ਅਕੈਡਮੀ (2-0), ਰਾਜਾ ਕਰਨ ਹਾਕੀ ਅਕੈਡਮੀ, ਕਰਨਾਲ (4-0) ਅਤੇ ਆਰ. ਕੇ. ਰਾਏ ਹਾਕੀ ਅਕੈਡਮੀ, ਦਿੱਲੀ (2-0) ਨੂੰ ਹਰਾ ਕੇ ਪ੍ਰਭਾਵਸ਼ਾਲੀ ਜਿੱਤਾਂ ਦਰਜ ਕੀਤੀਆਂ। ਸੈਮੀਫਾਈਨਲ ਮੁਕਾਬਲੇ 'ਚ ਖ਼ਾਲਸਾ ਹਾਕੀ ਅਕੈਡਮੀ ਨੇ ਪ੍ਰੀਤਮ ਸਿਵਾਚ ਸਪੋਰਟਸ ਅਕੈਡਮੀ, ਸੋਨੀਪਤ ਨੂੰ 2-1 ਨਾਲ ਹਰਾ ਕੇ ਚੈਂਪੀਅਨਸ਼ਿਪ ਦੇ ਫਾਈਨਲ 'ਚ ਆਪਣੀ ਜਗ੍ਹਾ ਬਨਾਉਣ ਉਪਰੰਤ ਫਾਈਨਲ 'ਚ ਹਰ ਹਾਕੀ ਅਕੈਡਮੀ, ਹਰਿਆਣਾ ਦੇ ਖ਼ਿਲਾਫ਼ ਸਖ਼ਤ ਟੱਕਰ ਦੇ ਬਾਵਜੂਦ ਟੀਮ ਦੂਜੇ ਸਥਾਨ 'ਤੇ ਰਹਿਕੇ ਚਾਂਦੀ ਦਾ ਤਗਮਾ ਪ੍ਰਾਪਤ ਕੀਤਾ।

ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਸ: ਸੱਤਿਆਜੀਤ ਸਿੰਘ ਮਜੀਠੀਆ, ਆਨ: ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ, ਡਾ. ਕੰਵਲਜੀਤ ਸਿੰਘ ਅਤੇ ਜੇਤੂ ਖਿਡਾਰਨਾਂ ਨਾਲ ਨਜ਼ਰ ਆ ਰਹੇ ਹਨ। ਤਸਵੀਰ : ਹਰਜੀਤ ਸਿੰਘ

ਕਾਲਜ ਪ੍ਰਿੰਸੀਪਲ ਡਾ. ਅਮਰਦੀਪ ਗੁਪਤਾ ਤੇ ਹੋਰ ਸਟਾਫ ਮੈਂਬਰ ਮਿਕ ਵਾਲਵਿਸ਼ ਨੂੰ ਸਨਮਾਨਿਤ ਕਰਦੇ ਹੋਏ। ਅਜੀਤ ਤਸਵੀਰ

ਡੀ. ਏ. ਵੀ. ਕਾਲਜ ਨੇ ਕਰਵਾਇਆ ਉੱਦਮਤਾ ਜਾਗਰੂਕਤਾ ਪ੍ਰੋਗਰਾਮ

ਅੰਮ੍ਰਿਤਸਰ, 27 ਨਵੰਬਰ (ਰਾਜੇਸ਼ ਕੁਮਾਰ ਸ਼ਰਮਾ)-ਡੀ. ਏ. ਵੀ. ਕਾਲਜ, ਅੰਮ੍ਰਿਤਸਰ ਵਿਖੇ ਇੰਸਟੀਚਿਊਸ਼ਨਜ਼ ਇਨੋਵੇਸ਼ਨ ਨੇ ਗੋਲਡਨ ਜੁਬਲੀ ਸੈਂਟਰ ਫਾਰ ਐਂਟਰਪ੍ਰਨਿਓਰਸ਼ਿਪ ਐਂਡ ਇਨੋਵੇਸ਼ਨ (ਜੀ. ਐੱਨ. ਡੀ. ਯੂ.) ਦੇ ਸਹਿਯੋਗ ਨਾਲ ਇਕ ਦਿਨਾ ਉੱਦਮਤਾ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਸੈਸ਼ਨ 'ਚ ਮਿਕ ਵਾਲਵਿਸ਼ ਨੇ ਉੱਦਮਤਾ, ਨਵੀਨਤਾ ਅਤੇ ਰਣਨੀਤਕ ਵਿਕਾਸ ਬਾਰੇ ਕੀਮਤੀ ਸੂਝ ਪ੍ਰਦਾਨ ਕੀਤੀ। ਆਪਣੇ ਸੰਬੋਧਨ 'ਚ, ਪ੍ਰਿੰਸੀਪਲ ਡਾ. ਅਮਰਦੀਪ ਗੁਪਤਾ ਨੇ ਕਿਹਾ ਕਿ ਤਕਨੀਕੀ ਗਿਆਨ, ਮਸ਼ੀਨਰੀ ਸਿਖਲਾਈ ਤੇ ਡਿਜੀਟਲ ਹੁਨਰ ਅੱਜ ਹਰ ਉੱਦਮੀ ਲਈ ਜ਼ਰੂਰੀ ਹਨ। ਉਨ੍ਹਾਂ ਨੇ ਨੌਜਵਾਨਾਂ ਨੂੰ ਜ਼ੋਖ਼ਮ ਲੈਣ ਤੋਂ ਨਾ ਡਰਨ ਅਤੇ ਛੋਟੀ ਸ਼ੁਰੂਆਤ ਕਰਨ ਤੇ ਹੌਲੀ-ਹੌਲੀ ਆਪਣੇ ਵਿਚਾਰਾਂ ਨੂੰ ਇਕ ਵੱਡੇ ਉੱਦਮ 'ਚ ਵਿਕਸਤ ਕਰਨ ਲਈ ਉਤਸ਼ਾਹਿਤ ਕੀਤਾ। ਪ੍ਰੋਗਰਾਮ 'ਚ ਮਿਕ ਵਾਲਵਿਸ਼ ਨੇ ਵਿਦਿਆਰਥੀਆਂ ਨੂੰ ਇਕ ਕਾਰੋਬਾਰੀ ਵਿਚਾਰ ਤੋਂ ਇਕ ਸਫਲ ਉੱਦਮ ਤੱਕ ਦੀ ਪੂਰੀ ਪ੍ਰਕਿਰਿਆ ਬਾਰੇ ਦੱਸਿਆ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਕਿਸੇ ਵੀ ਸਟਾਰਟਅੱਪ ਦੀ ਸਫਲਤਾ ਇਕ ਸਪਸ਼ਟ ਕਾਰੋਬਾਰੀ ਮਾਡਲ, ਸਹੀ ਯੋਜਨਾਬੰਦੀ, ਤਕਨੀਕੀ ਸਹਾਇਤਾ ਤੇ ਇਕ ਪ੍ਰਭਾਵਸ਼ਾਲੀ ਮਾਰਕੀਟਿੰਗ ਰਣਨੀਤੀ 'ਤੇ ਨਿਰਭਰ ਕਰਦੀ ਹੈ। ਉਨ੍ਹਾਂ ਨੇ ਉੱਦਮ ਵਿਕਾਸ ਲਈ ਪੰਜ-ਪੜਾਅ ਵਾਲਾ ਰੋਡ ਮੈਪ ਪੇਸ਼ ਕੀਤਾ, ਜਿਸ 'ਚ ਸਮੱਸਿਆ ਦੀ ਪਛਾਣ, ਕਾਰੋਬਾਰੀ ਮਾਡਲ ਵਿਕਾਸ, ਤਕਨੀਕੀ ਸਿਖਲਾਈ, ਵਿੱਤੀ ਯੋਜਨਾਬੰਦੀ ਤੇ ਮਾਰਕੀਟਿੰਗ ਰਣਨੀਤੀ ਸ਼ਾਮਿਲ ਸੀ। ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਡਾ. ਰਾਜਦੀਪ ਸਿੰਘ ਸੋਹਲ ਨੇ ਦੱਸਿਆ ਕਿ ਰਾਜ ਸਰਕਾਰ ਨੌਜਵਾਨਾਂ ਨੂੰ ਆਪਣੇ ਉੱਦਮ ਸਥਾਪਤ ਕਰਨ ਲਈ ਕਰਜ਼ੇ, ਸਬਸਿਡੀਆਂ ਅਤੇ ਹੋਰ ਜ਼ਰੂਰੀ ਸਹਾਇਤਾ ਪ੍ਰਦਾਨ ਕਰਦੀ ਹੈ। ਆਈ. ਆਈ. ਸੀ. ਕਨਵੀਨਰ ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਇਸ ਸੈਸ਼ਨ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਉੱਦਮਤਾ ਅਤੇ ਨਵੀਨਤਾ ਦੀਆਂ ਚੁਣੌਤੀਆਂ ਲਈ ਤਿਆਰ ਕਰਨਾ ਅਤੇ ਉਨ੍ਹਾਂ ਨੂੰ ਉੱਦਮੀ ਵਜੋਂ ਵਧਣ ਲਈ ਪ੍ਰੇਰਿਤ ਕਰਨਾ ਸੀ।

ਅੰਨਕੂਟ ਮਹਾਂ ਉਤਸਵ ਮੌਕੇ ਸ੍ਰੀ ਗਿਰੀਰਾਜਦਾ ਅਸ਼ੀਰਵਾਦ ਲੈਂਦੇ ਹੋਏ ਡਾ. ਰਾਕੇਸ਼ ਸ਼ਰਮਾ, ਸੰਜੇ ਮਹਿਰਾ ਤੇ ਹੋਰ ਸ਼ਰਧਾਲੂ। ਤਸਵੀਰ : ਹਰਜੀਤ ਸਿੰਘ

ਹਨੂੰਮਾਨ ਮੰਦਰ ਵਿਖੇ ਅੰਨਕੂਟ ਮਹਾਂ ਉਤਸਵ ਧੂਮਧਾਮ ਨਾਲ ਮਨਾਇਆ

ਅੰਮ੍ਰਿਤਸਰ, 27 ਨਵੰਬਰ (ਰਾਜੇਸ਼ ਕੁਮਾਰ ਸ਼ਰਮਾ)-ਸ੍ਰੀ ਦੁਰਗਿਆਣਾ ਤੀਰਥ ਸਥਿਤ ਵੱਡਾ ਹਨੂੰਮਾਨ ਮੰਦਰ ਵਿਖੇ ਅੰਨਕੂਟ ਮਹਾਂ ਉਤਸਵ ਮਨਾਇਆ ਗਿਆ। ਸ੍ਰੀ ਦੁਰਗਿਆਣਾ ਕਮੇਟੀ ਅਤੇ ਸ੍ਰੀ ਗਿਰੀਰਾਜ ਸੇਵਾ ਸੰਘ (ਰਜਿ.) ਦੀ ਦੇਖ-ਰੇਖ ਹੇਠ ਹੋਏ ਇਸ ਸਮਾਗਮ ਦੀ ਸ਼ੁਰੂਆਤ ਗਿਰੀਰਾਜ ਪੂਜਾ ਨਾਲ ਕੀਤੀ ਗਈ, ਜਿਸ 'ਚ ਕਮੇਟੀ ਦੇ ਪ੍ਰਧਾਨ ਪ੍ਰੋ. ਲਕਸ਼ਮੀਕਾਂਤਾ ਚਾਵਲਾ, ਜਨਰਲ ਸਕੱਤਰ ਅਰੁਣ ਖੰਨਾ, ਸਰਪ੍ਰਸਤ ਡਾ. ਰਾਕੇਸ਼ ਸ਼ਰਮਾ, ਮੀਤ ਪ੍ਰਧਾਨ ਸੁਧੀਰ ਸ੍ਰੀਧਰ, ਸੰਜੇ ਮਹਿਰਾ ਸਮੇਤ ਹੋਰ ਅਹੁਦੇਦਾਰਾਂ ਤੇ ਮੈਂਬਰਾਂ ਨੇ ਹਿੱਸਾ ਲਿਆ। ਸ਼ਾਮ ਨੂੰ ਸ੍ਰੀ ਠਾਕੁਰ ਜੀ ਨੂੰ ਭੋਗ ਲਗਾਏ ਗਏ। ਇਸ ਦੌਰਾਨ ਸ੍ਰੀ ਹਰਿਨਾਮ ਸੰਕੀਰਤਨ ਦਾ ਆਯੋਜਨ ਕੀਤਾ ਗਿਆ, ਜਿਸ 'ਚ ਨੂਰ ਅਤੇ ਪ੍ਰਿੰਸ ਸਾਹਨੀ ਐਂਡ ਪਾਰਟੀ ਨੇ ਸ੍ਰੀ ਠਾਕੁਰ ਜੀ ਦਾ ਭਜਨਾਂ ਰਾਹੀਂ ਗੁਣਗਾਣ ਕੀਤਾ।

ਕੈਬਿਨਟ ਮੰਤਰੀ ਈ. ਟੀ. ਓ. ਨੇ ਰਸੂਲਪੁਰ ਖ਼ੁਰਦ ਵਿਖੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ

ਤਰਸਿੱਕਾ, 27 ਨਵੰਬਰ (ਅਤਰ ਸਿੰਘ ਤਰਸਿੱਕਾ)-ਅੱਜ ਪਿੰਡ ਰਸੂਲਪੁਰ ਖ਼ੁਰਦ ਵਿਖੇ ਹਰਭਜਨ ਸਿੰਘ ਈ. ਟੀ. ਓ. ਕੈਬਿਨਟ ਮੰਤਰੀ ਪੰਜਾਬ ਨੇ 53.63 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਖੇਡ ਸਟੇਡੀਅਮ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਲਕਾ ਜੰਡਿਆਲਾ ਗੁਰੂ 'ਚ ਬਿਨਾਂ ਕਿਸੇ ਵਿਤਕਰੇ ਦੇ ਕੀਤੇ ਜਾ ਰਹੇ ਸਰਬਪੱਖੀ ਵਿਕਾਸ ਕਾਰਜਾਂ 'ਚ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਵਿਕਾਸ ਦੇ ਕੰਮ ਨਿਰੰਤਰ ਜਾਰੀ ਰਹਿਣਗੇ।

ਅਜੀਤ/ਅਜੀਤ ਸਮਾਚਾਰ ਹੜ੍ਹ ਰਾਹਤ ਫ਼ੰਡ 'ਚ ਯੋਗਦਾਨ ਪਾਉਣ ਵਾਲੀ ਸ਼ਖ਼ਸੀਅਤ

'ਅਜੀਤ' ਹੜ੍ਹ ਰਾਹਤ ਫੰਡ 'ਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਦੇਵ ਕਲਾਂ (ਅੰਮ੍ਰਿਤਸਰ) ਵਲੋਂ ਪ੍ਰਿੰਸੀਪਲ ਸ੍ਰੀਮਤੀ ਰਜਿੰਦਰ ਕੌਰ ਰਾਹੀਂ 3100 ਰੁਪਏ ਦਾ ਯੋਗਦਾਨ ਪਾਇਆ ਗਿਆ।

'90 ਹਜ਼ਾਰ ਪਾਕਿ ਸੈਨਿਕਾਂ ਨੇ ਇਕ ਹਿੰਦੂ ਅੱਗੇ ਆਤਮ ਸਮਰਪਣ ਕਰ ਕੇ ਸਾਰੀ ਕੌਮ ਦਾ ਨੱਕ ਵਢਵਾ ਦਿੱਤਾ'

ਮੌਲਾਨਾ ਫਜ਼ਲੁਰ ਰਹਿਮਾਨ ਦਾ ਆਸਿਮ ਮੁਨੀਰ 'ਤੇ ਸਿੱਧਾ ਹਮਲਾ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰ ਕੋਛੜ)-ਪਾਕਿਸਤਾਨ 'ਚ ਜਿੱਥੇ ਇਕ ਪਾਸੇ ਮੌਜੂਦਾ ਫ਼ੌਜ ਮੁਖੀ ਜਨਰਲ ਆਸਿਮ ਮੁਨੀਰ ਨੂੰ ਫ਼ੀਲਡ ਮਾਰਸ਼ਲ ਦਾ ਅਹੁਦਾ ਦੇਣ ਸਮੇਤ ਸੰਵਿਧਾਨ 'ਚ ਸੋਧ ਕਰਕੇ ਕਈ ਬੇਲੋੜੀਆਂ ਸ਼ਕਤੀਆਂ ਦਿੱਤੀਆਂ ਜਾ ਰਹੀਆਂ ਹਨ, ਉੱਥੇ ਹੀ ਪਾਕਿ ਦੀ ਆਮ ਜਨਤਾ ਅਤੇ ਸਿਆਸਤਦਾਨਾਂ ਵਲੋਂ ਫ਼ੌਜ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕੇ ਜਾ ਰਹੇ ਹਨ। ਪਾਕਿ ਦੇ ਸੀਨੀਅਰ ਅਤੇ ਪ੍ਰਮੁੱਖ ਸਿਆਸਤਦਾਨ ਮੌਲਾਨਾ ਫਜ਼ਲੁਰ ਰਹਿਮਾਨ ਨੇ ਪਾਕਿਸਤਾਨੀ ਫ਼ੌਜ 'ਤੇ ਸਿੱਧਾ ਹਮਲਾ ਕਰਦਿਆਂ ਫ਼ੌਜ ਨੂੰ ਉਸ ਦੀਆਂ ਅਸਫਲਤਾਵਾਂ ਲਈ ਕਟਹਿਰੇ 'ਚ ਖੜ੍ਹਾ ਕੀਤਾ ਹੈ। ਜਮੀਅਤ ਉਲੇਮਾ-ਏ-ਇਸਲਾਮ ਦੇ ਮੁਖੀ ਮੌਲਾਨਾ ਫਜ਼ਲੁਰ ਰਹਿਮਾਨ ਨੇ ਇਕ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਤਿਹਾਸ ਜਾਣਦਾ ਹੈ ਕਿ ਕਿਵੇਂ 1971 'ਚ 90 ਹਜ਼ਾਰ ਤੋਂ ਵੱਧ ਪਾਕਿਸਤਾਨੀ ਸੈਨਿਕਾਂ ਨੇ ਇਕ ਹਿੰਦੂ ਅੱਗੇ ਆਤਮ ਸਮਰਪਣ ਕੀਤਾ ਅਤੇ ਪੂਰੀ ਕੌਮ ਦਾ ਨੱਕ ਵਢਵਾ ਦਿੱਤਾ। ਇਸ ਤੋਂ ਵੱਡਾ ਅਪਮਾਨ ਹੋਰ ਕੀ ਹੋ ਸਕਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਪਾਕਿਸਤਾਨੀ ਫ਼ੌਜ ਦਾ ਯੋਗਦਾਨ ਪਾਕਿ ਨੂੰ ਬਣਾਉਣ 'ਚ ਨਹੀਂ, ਸਗੋਂ ਇਸ ਨੂੰ ਤਬਾਹ ਕਰਨ 'ਚ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਪਾਕਿ ਦੇ ਮੌਜੂਦਾ ਆਰਥਿਕ ਅਤੇ ਰਾਜਨੀਤਿਕ ਪਤਨ ਲਈ ਫ਼ੌਜ ਦੀ ਦਖ਼ਲਅੰਦਾਜ਼ੀ ਵੀ ਜ਼ਿੰਮੇਵਾਰ ਹੈ। ਉਨ੍ਹਾਂ ਕਿਹਾ ਕਿ ਪੂਰਾ ਦੇਸ਼ ਫ਼ੌਜ ਦੀ ਸੱਤਾ ਅਤੇ ਨੀਤੀਆਂ 'ਚ ਦਖ਼ਲਅੰਦਾਜ਼ੀ ਦੇ ਨਤੀਜੇ ਭੁਗਤ ਰਿਹਾ ਹੈ, ਜਿਸ ਨਾਲ ਦੇਸ਼ ਦੇ ਲੋਕਤੰਤਰੀ ਢਾਂਚੇ ਨੂੰ ਕਮਜ਼ੋਰ ਕੀਤਾ ਜਾ ਰਿਹਾ ਹੈ। ਇਸ ਦੌਰਾਨ ਉੱਥੇ ਇਕੱਠੀ ਹੋਈ ਭੀੜ ਵਲੋਂ 'ਪਾਕਿਸਤਾਨੀ ਫ਼ੌਜ ਸ਼ਰਮ ਕਰੋ, ਸ਼ਰਮ ਕਰੋ' ਦੇ ਨਾਅਰੇ ਲਗਾਏ ਗਏ। ਮੌਲਾਨਾ ਨੇ ਕਿਹਾ ਕਿ ਦੇਸ਼ ਦੀ ਫ਼ੌਜੀ ਲੀਡਰਸ਼ਿਪ ਅਜੇ ਵੀ ਜਨਤਾ ਦੇ ਸਾਹਮਣੇ ਇਕ ਝੂਠੀ ਤਸਵੀਰ ਪੇਸ਼ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਪਰ ਹੁਣ ਜਨਤਾ ਸਾਰੀ ਅਸਲੀਅਤ ਜਾਣਦੀ ਅਤੇ ਸਮਝਦੀ ਹੈ।



ਸੰਬੋਧਨ ਕਰਦੇ ਹੋਏ ਮੌਲਾਨਾ ਫਜ਼ਲੁਰ ਰਹਿਮਾਨ। ਤਸਵੀਰ ਰਾਹੀਂ : ਸੁਰਿੰਦਰ ਕੋਛੜ

ਸਪਰਿੰਗ ਡੇਲ ਸੀਨੀਅਰ ਸਕੂਲ ਵਿਖੇ ਸਾਲਾਨਾ ਆਈ.ਟੀ. ਉਤਸਵ-2025 ਦੇ ਜੇਤੂਆਂ ਨੂੰ ਸਨਮਾਨਿਤ ਕਰਦੇ ਹੋਏ ਪ੍ਰਿੰ: ਰਾਜੀਵ ਕੁਮਾਰ ਸ਼ਰਮਾ। ਤਸਵੀਰ : ਨਿਰਮਲ ਸਟੂਡੀਓ

ਸਪਰਿੰਗ ਡੇਲ ਸੀਨੀਅਰ ਸਕੂਲ ਵਿਖੇ ਸਾਲਾਨਾ ਆਈ. ਟੀ. ਉਤਸਵ-2025 ਕਰਵਾਇਆ

ਅੰਮ੍ਰਿਤਸਰ, 27 ਨਵੰਬਰ (ਸੁਰਿੰਦਰਪਾਲ ਸਿੰਘ ਵਰਪਾਲ)-ਸਪਰਿੰਗ ਡੇਲ ਸੀਨੀਅਰ ਸਕੂਲ ਵਲੋਂ ਅੱਜ ਸਾਲਾਨਾ 'ਆਈ. ਟੀ. ਉਤਸਵ-2025' ਕਰਵਾਇਆ ਗਿਆ, ਜਿਸ 'ਚ ਸਕੂਲਾਂ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਐਨ. ਆਈ. ਆਈ. ਟੀ. ਦੇ ਕੰਪਿਊਟਰ ਮਾਹਿਰਾਂ ਤੇ ਸਪਰਿੰਗ ਡੇਲ ਦੇ ਆਈ. ਟੀ. ਵਿਭਾਗ ਦੇ ਫੈਕਲਟੀ ਮੈਂਬਰਾਂ ਨੇ ਵੱਖ-ਵੱਖ ਸਕੂਲਾਂ ਤੋਂ ਆਏ ਵਿਦਿਆਰਥੀਆਂ ਵਲੋਂ ਇਸ ਰੋਮਾਂਚਕ ਪ੍ਰਤਿਯੋਗਤਾ ਦੌਰਾਨ ਪੇਸ਼ ਕੀਤੇ ਗਏ ਤਕਨੀਕੀ-ਕੌਸ਼ਲ ਨੂੰ ਜਾਂਚਿਆ-ਪਰਖਿਆ। ਇਸ ਦੌਰਾਨ ਸਕਰੈਚ, ਪਾਵਰ-ਪੁਆਇੰਟ ਪੇਸ਼ਕਾਰੀ, ਫੋਟੋਸ਼ਾਪ, ਵੈਬ-ਪੇਜ ਡਿਵੈਲਪਮੈਂਟ, ਕੋਡਿੰਗ ਅਤੇ ਕਵਿੱਜ਼ ਨਾਲ ਸੰਬੰਧਿਤ ਪ੍ਰਤਿਯੋਗਤਾ ਕਰਵਾਈਆਂ ਗਈਆਂ। ਰਾਮ ਆਸ਼ਰਮ ਸਕੂਲ, ਅੰਮ੍ਰਿਤਸਰ ਦੀ ਟੀਮ ਨੇ 'ਡੀ-ਬਗ ਯੂਅਰ ਸੋਲ' ਅਤੇ '